# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 11-07-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਵੀਡੀਓ ਕਾਨਫਰੰਸਿੰਗ ਰਾਹੀਂ ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਸੰਗਠਨਾਂ ਵਿੱਚ ਨਵੇਂ ਨਿਯੁਕਤ ਨੌਜਵਾਨਾਂ ਨੂੰ 51 ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡਣਗੇ। ਉਹ ਇਸ ਮੌਕੇ 'ਤੇ ਨਿਯੁਕਤ ਨੌਜਵਾਨਾਂ ਨੂੰ ਸੰਬੋਧਨ ਵੀ ਕਰਨਗੇ। 16ਵਾਂ ਰੋਜ਼ਗਾਰ ਮੇਲਾ ਦੇਸ਼ ਭਰ ਵਿੱਚ 47 ਥਾਵਾਂ 'ਤੇ ਆਯੋਜਿਤ ਕੀਤਾ ਜਾਵੇਗਾ। ਕੇਂਦਰ ਸਰਕਾਰ ਦੇ ਕਈ ਮੰਤਰਾਲਿਆਂ ਅਤੇ ਵਿਭਾਗਾਂ ਲਈ ਭਰਤੀ ਕੀਤੀ ਜਾ ਰਹੀ ਏ।

---------------------------------------------------------------

ਪੰਜਾਬ ਵਿਧਾਨ ਸਭਾ ਦੇ ਦੋ ਦਿਨਾਂ ਵਿਸ਼ੇਸ਼ ਇਜਲਾਸ ਦੋ ਹੋਰ ਦਿਨਾਂ ਲਈ ਵਧਾ ਦਿੱਤਾ ਏ। ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਅੱਜ ਇਜਲਾਸ ਦੇ ਦੂਜੇ ਦਿਨ ਇਸ ਦਾ ਐਲਾਨ ਕੀਤਾ। ਵਿਧਾਨ ਸਭਾ

ਦੀ ਕਾਰਵਾਈ ਸੋਮਵਾਰ ਨੂੰ ਦੁਪਹਿਰ 2 ਵਜੇ ਅਤੇ ਮੰਗਲਵਾਰ ਨੂੰ ਸਵੇਰੇ 10 ਵਜੇ ਤੋਂ ਹੋਵੇਗੀ । ਸ਼ਨੀਵਾਰ ਅਤੇ ਐਤਵਾਰ ਨੂੰ ਛੁੱਟੀ ਰਹੇਗੀ ।ਭਾਖੜਾ ਅਤੇ ਹੋਰ ਡੈਮਾਂ 'ਤੇ ਕੇਂਦਰੀ ਉਦਯੋਗਿਕ ਸੁਰੱਖਿਆ ਬਲ-CISF ਦੀ ਬਜਾਏ ਪੰਜਾਬ ਪੁਲਿਸ ਤਾਇਨਾਤ ਕਰਨ 'ਤੇ ਸਦਨ ਵਿੱਚ, ਚਰਚਾ ਤੋਂ ਬਾਅਦ CISF ਦੀ ਭਾਖੜਾ ਡੈਮ ਅਤੇ ਭਾਖੜਾ ਬਿਆਸ ਪ੍ਰਬੰਧਨ ਬੋਰਡ ਹੋਰਨਾਂ ਸੰਬਧਤ ਡੈਮਾਂ 'ਤੇ ਤਾਇਨਾਤੀ ਨਾ ਕਰਨ ਬਾਰੇ ਸਰਵਸਮਤੀ ਨਾਲ ਮੱਤ ਪਾਸ ਕਰਕੇ ਸਦਨ ਵਲੋਂ ਪੰਜਾਬ ਸਰਕਾਰ ਨੂੰ, ਕੇਂਦਰ ਸਰਕਾਰ ਦੇ ਸੰਬਧਤ ਮੰਤਰਾਲੇ ਨਾਲ, ਇਸ ਬਾਰੇ ਮੁੱਦੇ ਨੂੰ ਵਿਚਾਰਨ ਲਈ ਕਿਹਾ ਗਿਆ ਏ ।

--------------------------------------------------------

ਰੇਲਵੇ ਨੇ ਸੁਰੱਖਿਆ ਨੂੰ ਵਧਾਉਣ ਲਈ ਮਸ਼ੀਨ ਵਿਜ਼ਨ ਅਧਾਰਤ ਨਿਰੀਖਣ ਪ੍ਰਣਾਲੀ -MVIS ਸਥਾਪਤ ਕਰਨ ਲਈ, ਸਮਰਪਿਤ ਫਰੇਟ ਕੋਰੀਡੋਰ ਕਾਰਪੋਰੇਸ਼ਨ ਆਫ਼ ਇੰਡੀਆ ਲਿਮਟਿਡ ਨਾਲ ਇੱਕ ਸਮਝੌਤਾ ਸਹੀਬੱਧ ਕੀਤਾ ਏ । MVIS ਇੱਕ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਮਸ਼ੀਨ ਲਰਨਿੰਗ-ਅਧਾਰਤ ਆਧੁਨਿਕ ਤਕਨੀਕੀ ਪ੍ਰਣਾਲੀ ਏ ਜੋ

ਚਲਦੀਆਂ ਰੇਲਗੱਡੀਆਂ ਦੇ ਅੰਡਰ-ਗੀਅਰ ਦੀਆਂ ਉੱਚ-ਰੈਜ਼ੋਲਿਊਸ਼ਨ ਤਸਵੀਰਾਂ ਲੈਂਦੀ ਏ ਅਤੇ ਕਿਸੇ ਵੀ ਲਟਕਦੇ, ਢਿੱਲੇ ਜਾਂ ਗੁੰਮ ਹੋਏ ਹਿੱਸਿਆਂ ਦਾ ਵੀ ਪਤਾ ਲਗਾਉਂਦੀ ਏ। ਜਦੋਂ ਕੋਈ ਨੁਕਸ ਪਾਇਆ ਜਾਂਦਾ ਏ ਤਾਂ ਸਿਸਟਮ ਤੁਰੰਤ ਜਵਾਬ ਅਤੇ ਰੋਕਥਾਮ ਕਾਰਵਾਈ ਲਈ ਅਸਲ-ਸਮੇਂ ਦੀਆਂ ਚੇਤਾਵਨੀਆਂ ਜਾਰੀ ਕਰਦਾ ਏ।

---------------------------------------------------

ਕਣਕ ਅਤੇ ਝੋਨੇ ਦੀ ਨਿਰਵਿਘਨ ਅਤੇ ਮੁਸ਼ਕਿਲ ਰਹਿਤ ਖਰੀਦ ਨੂੰ ਯਕੀਨੀ ਬਣਾਉਣ ਲਈ ਗਠਿਤ ਕੀਤੇ ਗਏ ਮੰਤਰੀ ਸਮੂਹ ਨੇ ਪੰਜਾਬ ਦੇ ਚੌਲ ਮਿੱਲਰਾਂ ਨਾਲ ਮੀਟਿੰਗ ਕਰਕੇ ਉਨ੍ਹਾਂ ਦੀਆਂ ਚਿੰਤਾਵਾਂ ਅਤੇ ਮੁੱਦਿਆਂ ਨੂੰ ਗੌਰ ਨਾਲ ਸੁਣਿਆ ਅਤੇ ਜਾਇਜ਼ ਮੰਗਾਂ ਦੇ ਜਲਦੀ ਹੱਲ ਦਾ ਭਰੋਸਾ ਦਿੱਤਾ। ਮੰਤਰੀ ਸਮੂਹ ਦੇ ਚੇਅਰਮੈਨ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਸਾਉਣੀ ਖਰੀਦ ਸੀਜ਼ਨ ਦੇ ਸੁਚਾਰੂ ਅਮਲ ਨੂੰ ਯਕੀਨੀ ਬਣਾਉਣ ਲਈ ਪੁਖ਼ਤਾ ਪ੍ਰਬੰਧ ਕਰ ਰਹੀ ਏ। ਖੁਰਾਕ ਤੇ ਸਿਵਲ ਸਪਲਾਈ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਕਿ ਮਿੱਲਰਾਂ ਵੱਲੋਂ ਝੋਨੇ ਦੇ ਖਰੀਦ ਸੀਜ਼ਨ ਬਾਰੇ

ਤਿਆਰੀਆਂ ਸ਼ੁਰੂ ਕਰਨ ਲਈ ਸੂਬਾ ਸਰਕਾਰ ਦੀ ਪ੍ਰਸ਼ੰਸਾ ਕੀਤੀ ਜਾ ਰਹੀ ਏ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਮਿੱਲਰਾਂ ਨਾਲ ਸਬੰਧਤ ਸਾਰੇ ਜਾਇਜ਼ ਮੁੱਦਿਆਂ ਦੇ ਹੱਲ ਲਈ ਲਗਾਤਾਰ ਸਖ਼ਤ ਯਤਨ ਕਰ ਕਰ ਰਹੇ ਨੇ ਅਤੇ ਜਲਦ ਹੀ ਉਨ੍ਹਾ ਵੱਲੋਂ ਕੇਂਦਰ ਸਰਕਾਰ ਦੇ ਅਧਿਕਾਰ ਖੇਤਰ ਅਧੀਨ ਆਉਂਦੇ ਮਾਮਲਿਆਂ ਨੂੰ ਲੈ ਕੇ ਨਵੀਂ ਦਿੱਲੀ ਵਿਖੇ ਕੇਂਦਰੀ ਮੰਤਰੀ ਪ੍ਰਹਿਲਾਦ ਜੋਸ਼ੀ ਨਾਲ ਮੁਲਾਕਾਤ ਕੀਤੀ ਜਾਵੇਗੀ।

---------------------------------------------------

ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਸੂਬੇ ਵਿੱਚ ਪਾਣੀ ਦੇ ਕੁਦਰਤੀ ਸਰੋਤਾਂ, ਨਿੱਜੀ ਤਲਾਬਾਂ ਅਤੇ ਛੱਪੜਾਂ 'ਚੋਂ ਸਾਲਾਨਾ 2 ਲੱਖ ਮੀਟ੍ਰਿਕ ਟਨ ਮੱਛੀ ਪੈਦਾ ਕੀਤੀ ਜਾ ਰਹੀ ਏ। ਕੱਲ ਕੌਮੀ ਮੱਛੀ ਪਾਲਕ ਦਿਵਸ ਮੌਕੇ ਮੰਤਰੀ ਨੇ ਦੱਸਿਆ ਕਿ ਪੰਜਾਬ ਵਿੱਚ ਇਸ ਸਮੇਂ 43 ਹਜ਼ਾਰ 683 ਏਕੜ ਤੋਂ ਵੱਧ ਰਕਬਾ ਮੱਛੀ ਪਾਲਣ ਅਧੀਨ ਅਤੇ ਕਰੀਬ 985 ਏਕੜ ਰਕਬਾ ਝੀਂਗਾ ਪਾਲਣ ਅਧੀਨ ਏ । ਮੱਛੀ ਪਾਲਣ ਖੇਤਰ ਦੇ ਵਿਕਾਸ ਲਈ 16 ਸਰਕਾਰੀ ਮੱਛੀ ਪੂੰਗ ਫਾਰਮ, 11 ਮੱਛੀ ਫੀਡ ਮਿੱਲਾਂ ਅਤੇ 7

ਲੈਬਾਟਰੀਆਂ ਕਿਸਾਨਾਂ ਦੀ ਮਦਦ ਲਈ ਕੰਮ ਕਰ ਰਹੀਆਂ ਨੇ। 637 ਮੱਛੀ ਪਾਲਕਾਂ ਨੂੰ ਵੱਖ-ਵੱਖ ਪ੍ਰੋਜੈਕਟਾਂ ਤਹਿਤ 30 ਕਰੋੜ 64 ਲਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਗਈ ਏ । ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ ਸਾਫ਼-ਸੁਥਰੇ ਵਾਤਾਵਰਣ ਵਿੱਚ ਮੱਛੀ ਅਤੇ ਮੱਛੀ ਉਤਪਾਦਾਂ ਦੀ ਵਿਕਰੀ ਲਈ 8 ਨਿਜੀ ਮੱਛੀ ਕਿਓਸਕ ਵੀ ਸਥਾਪਤ ਕੀਤੇ ਗਏ ਨੇ। ਮੰਤਰੀ ਨੇ ਸੂਬੇ ਦੇ ਨੌਜਵਾਨਾਂ ਨੂੰ ਮੱਛੀ ਪਾਲਣ ਦੇ ਕਿੱਤੇ ਨੂੰ ਸਵੈ-ਰੁਜ਼ਗਾਰ ਦੇ ਇੱਕ ਫਾਇਦੇਮੰਦ ਮੌਕੇ ਵਜੋਂ ਦੇਖਣ ਦੀ ਅਪੀਲ ਕੀਤੀ।

------------------------------------------------------------

ਸੀਮਾ ਸੁਰੱਖਿਆ ਬਲ ਨੇ ਨਸ਼ਿਆਂ ਵਿਰੋਧੀ ਕਾਰਜ ਬਲ ਦੇ ਸਹਿਯੋਗ ਨਾਲ ਖਾਸਾ ਖੇਤਰ ਵਿੱਚ ਇਕ ਤਸਕਰ ਨੂੰ ਹੈਰੋਇਨ ਦੀ ਖੇਪ ਸਮੇਤ ਗ੍ਰਿਫ਼ਤਾਰ ਕੀਤਾ ਏ। ਖੁਫੀਆ ਜਾਣਕਾਰੀ 'ਤੇ ਤੁਰੰਤ ਕਾਰਵਾਈ ਕਰਦੇ ਹੋਏ, ਬੀ.ਐਸ.ਐਫ ਅਤੇ ਕਾਰਜ ਬਲ ਦੀ ਇੱਕ ਸਾਂਝੀ ਟੀਮ ਨੇ ਖੋਜ ਮੁਹਿੰਮ ਦੌਰਾਨ ਇਕ ਤਸਕਰ ਨੂੰ 1 ਕਿਲੋ, 2 ਮੋਬਾਈਲ ਫੋਨ ਅਤੇ 1 ਮੋਟਰਸਾਈਕਲ ਨਾਲ ਕਾਬੂ ਕੀਤਾ। ਮੁਲਜ਼ਮ ਅੰਮ੍ਰਿਤਸਰ ਦੇ ਚਮਿਆਰੀ

ਪਿੰਡ ਦਾ ਰਹਿਣ ਵਾਲਾ ਏ। ਉਸਦੇ ਨੈੱਟਵਰਕ ਅਤੇ ਗਤੀਵਿਧੀਆਂ ਦਾ ਪਤਾ ਲਗਾਉਣ ਲਈ ਜਾਂਚ ਜਾਰੀ ਏ।

--------------------------------------------------

ਸਾਉਣ ਮਹੀਨੇ ਦੀ ਸਾਲਾਨਾ ਕਾਂਵੜ ਯਾਤਰਾ ਅੱਜ ਤੋਂ ਸ਼ੁਰੂ ਹੋ ਗਈ ਏ। ਕਾਂਵੜ ਯਾਤਰਾ ਦੌਰਾਨ, ਵੱਡੀ ਗਿਣਤੀ ਵਿੱਚ ਲੋਕ ਉੱਤਰਾਖੰਡ ਦੇ ਹਰਿਦੁਆਰ, ਗੌਮੁਖ ਅਤੇ ਗੰਗੋਤਰੀ ਵਰਗੇ ਤੀਰਥ ਸਥਾਨਾਂ 'ਤੇ ਗੰਗਾ ਨਦੀ ਦਾ ਪਵਿੱਤਰ ਜਲ ਲਿਆਉਣ ਲਈ ਜਾਂਦੇ ਨੇ। ਦਿੱਲੀ, ਉੱਤਰ ਪ੍ਰਦੇਸ਼ ਅਤੇ ਉੱਤਰਾਖੰਡ ਸਰਕਾਰਾਂ ਨੇ ਸ਼ਰਧਾਲੂਆਂ ਦੇ ਪ੍ਰਬੰਧਨ ਲਈ ਵਿਆਪਕ ਪ੍ਰਬੰਧ ਕੀਤੇ ਨੇ।

--------------------------------------------------

ਅੰਮ੍ਰਿਤਸਰ ਵਧੀਕ ਜ਼ਿਲ੍ਹਾ ਮੈਜਿਸਟਰੇਟ ਅਮਨਦੀਪ ਕੌਰ ਨੇ ਸ੍ਰੀ ਗੁਰੂ ਰਾਮਦਾਸ ਅੰਤਰ-ਰਾਸ਼ਟਰੀ ਹਵਾਈ ਅੱਡਾ ਖੇਤਰ ਵਿੱਚ ਡਰੋਨਜ਼ ਚਲਾਉਣ ਦੇ ਮੁਕੰਮਲ ਤੌਰ ਤੇ ਪਾਬੰਦੀ ਲਗਾਈ ਏ। ਭਾਰਤੀ ਨਾਗਰਿਕ ਸੁਰੱਕਸ਼ਾ ਸਹਿੰਤਾ, 2023 ਦੀ ਧਾਰਾ ਤਹਿਤ ਜਾਰੀ ਕੀਤੇ ਹੁਕਮਾਂ ਵਿਚ ਕਿਹਾ ਗਿਆ ਏ ਕਿ ਇਹ ਧਿਆਨ ਵਿਚ ਆਇਆ ਏ ਕਿ ਏਅਰਪੋਰਟ

ਵਿਖੇ ਦਿਨ ਰਾਤ ਅੰਤਰ ਰਾਸ਼ਟਰੀ , ਘਰੇਲੂ ਉਡਾਨਾਂ ਆਉਂਦੀਆਂ ਤੇ ਜਾਂਦੀਆਂ ਨੇ । ਹਵਾਈ ਅੱਡੇ ਦੇ ਨਜਦੀਕ ਪੈਂਦੇ ਹੋਟਲ ਤੇ ਮੈਰਿਜ ਪੈਲਸ ਵਿਚ ਲੋਕਾਂ ਵਲੋਂ ਡਰੋਨ ਰਾਹੀਂ ਵਿਆਹ ਤੇ ਹੋਰ ਸਮਾਗਮਾਂ ਵਿਚ ਡਰੋਨ ਦੀ ਵਰਤੋਂ ਕੀਤੀ ਜਾਂਦੀ ਏ । ਜਿਨ੍ਹਾਂ ਦੀ ਆੜ ਵਿੱਚ ਸਮਾਜ ਵਿਰੋਧੀ ਅਨਸਰ ਕਿਸੇ ਸਮੇਂ ਵੀ ਵੱਡੇ ਹਾਦਸੇ ਨੂੰ ਅੰਜਾਮ ਦੇ ਸਕਦੇ ਨੇ । ਇਸ ਲਈ ਇਹ ਪਾਬੰਦੀ ਲਗਾਈ ਜਾਂਦੀ ਏ । ਅੰਮ੍ਰਿਤਸਰ ਦਿਹਾਤੀ ਦੇ ਪਿੰਡਾਂ ਕਸਬਿਆਂ ਵਿੱਚ ਪੰਜ ਜਾਂ ਇਸ ਤੋਂ ਵੱਧ ਵਿਅਕਤੀਆਂ ਦੇ ਇਕੱਠੇ ਹੋਣ, ਰੋਸ ਰੈਲੀਆਂ, ਧਰਨਾ ਦੇਣ, ਮੀਟਿੰਗਾਂ ਕਰਨ, ਨਾਹਰੇ ਮਾਰਨ ਜਾਂ ਲਗਾਉਣ ਅਤੇ ਵਿਖਾਵਾ ਕਰਨ ਤੇ ਮੁਕੰਮਲ ਪਾਬੰਦੀ ਲਗਾਉਣ ਦਾ ਹੁਕਮ ਵੀ ਜਾਰੀ ਕੀਤਾ ਗਿਆ ਏ । ਇਹ ਹੁਕਮ 6 ਅਕਤੂਬਰ ਤੱਕ ਲਾਗੂ ਰਹਿਣਗੇ ।

---------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ, ਹਰਿਆਣਾ, ਚੰਡੀਗੜ੍ਹ, ਦਿੱਲੀ, ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਦੇ ਕੁਝ ਹਿੱਸਿਆਂ ਵਿੱਚ ਵੀ ਦਿਨ ਭਰ ਭਾਰੀ ਮੀਂਹ ਪੈਣ ਦੀ ਸੰਭਾਵਨਾ ਜਤਾਈ ਏ । ਵਿਭਾਗ ਨੇ ਅੱਜ ਪੂਰਬੀ

ਰਾਜਸਥਾਨ ਅਤੇ ਮੱਧ ਪ੍ਰਦੇਸ਼ ਦੇ ਕੁਝ ਥਾਵਾਂ 'ਤੇ ਵੀ ਭਾਰੀ ਮੀਂਹ ਪੈਣ ਦੀ ਭਵਿੱਖਬਾਣੀ ਕੀਤੀ ਏ।